ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਪਲਾਸਟਿਕ ਦੀ ਬਣੀ ਡੋਰ ਵੇਚਣ, ਖਰੀਦਣ ਅਤੇ ਸਟੋਰ ਕਰਨ ’ਤੇ ਲਗਾਈ ਮੁਕੰਮਲ ਪਾਬੰਦੀ

ਤਰਨਤਾਰਨ, 16 ਅਗਸਤ :

ਜ਼ਿਲ੍ਹਾ ਮੈਜਿਸਟ੍ਰੇਟ ਤਰਨਤਾਰਨ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਨੇ ਜ਼ਾਬਤਾ ਫੌਜਦਾਰੀ ਸੰਘਤਾ 1973 ਦੀ ਧਾਰਾ 144 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਤਰਨਤਾਰਨ ਦੇ ਖੇਤਰ ਵਿਚ ਪਤੰਗ, ਗੁੱਡੀਆਂ ਉਡਾਉਣ ਲਈ ਸਿੰਥੈਟਿਕ ਜਾਂ ਪਲਾਸਟਿਕ ਦੀ ਬਣੀ ਡੋਰ ਨੂੰ ਵੇਚਣ, ਖਰੀਦ ਕਰਨ, ਸਟੋਰ ਕਰਨ ਅਤੇ ਇਸ ਦੀ ਵਰਤੋਂ ਕਰਨ ’ਤੇ ਮੁਕੰਮਲ ਪਾਬੰਦੀ ਲਗਾ ਦਿੱਤੀ ਹੈ।



ਇਹ ਪਾਬੰਦੀ ਧਾਗੇ ਵਾਲੀ ਡੋਰ ’ਤੇ ਲਾਗੂ ਨਹੀਂ ਹੋਵੇਗੀ। ਪਾਬੰਦੀ ਦੇ ਹੁੱਕਮ 7 ਅਕੂਤਬਰ 2017 ਤੱਕ ਲਾਗੂ ਰਹਿਣਗੇ। ਪਾਬੰਦੀ ਦੇ ਹੁੱਕਮ ਇਸ ਸੰਬੰਧ ਵਿਚ ਜਾਰੀ ਕੀਤੇ ਗਏ ਹਨ ਕਿ ਸਿੰਥੈਟਿਕ ਜਾਂ ਪਲਾਸਟਿਕ ਦੀ ਬਣੀ ਇਹ ਡੋਰ ਜਦੋਂ ਪਤੰਗਾਂ ਉਡਾਉਣ ਲਈ ਵਰਤੀ ਜਾਂਦੀ ਹੈ ਤਾਂ ਇਹ ਪੰਛੀਆਂ ਅਤੇ ਮਨੁੱਖੀ ਜਾਨਾਂ ਲਈ ਘਾਤਕ ਸਿੱਧ ਹੁੰਦੀ ਹੈ।